## ਧਨਾਸਰੀ ਮਹਲਾ ੧ ਆਰਤੀ (੬੬੩)

ੴ ਸਤਿਗੁਰ ਪ੍ਰਸਾਦਿ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥
ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥
ਕੈਸੀ ਆਰਤੀ ਹੋਇ ॥ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥
ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋੁਹੀ ॥
ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥
ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ **ਦੈ** ਚਾਨਣਿ ਸਭ ਮਹਿ ਚਾਨਣੁ ਹੋਇ ॥
ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥
ਹਰਿ ਚਰਣ **ਕਮਲ** ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥
ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ **ਨਾਇ** ਵਾਸਾ ॥੪॥੧॥੭॥੯॥

## (ਧਨਾਸਰੀ ਰਵਿਦਾਸ ਜੀ ॥ ੬੯੪)

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥ ਰਹਾਉ ॥
ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥
ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥
ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥
ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥
ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥
ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥
ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥
ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿ ਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥

## ਸ੍ਰੀ ਸੈਣੁ ॥

ਧੂਪ ਦੀਪ ਘ੍ਰਿਤ ਸਾਜਿ ਆਰਤੀ ॥ ਵਾਰਨੇ ਜਾਉ ਕਮਲਾ ਪਤੀ ॥੧॥
ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ ਰਹਾਉ ॥
ਊਤਮੁ ਦੀਅਰਾ ਨਿਰਮਲ ਬਾਤੀ ॥ ਤੁਹੀ ਨਿਰੰਜਨੁ ਕਮਲਾ ਪਾਤੀ ॥੨॥
ਰਾਮਾ ਭਗਤਿ ਰਾਮਾਨੰਦੁ ਜਾਨੈ ॥ ਪੂਰਨ ਪਰਮਾਨੰਦੁ ਬਖਾਨੈ ॥੩॥
ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥ ਸੈਨੁ ਭਣੈ ਭਜੁ ਪਰਮਾਨੰਦੇ ॥੪॥੨॥

## ਪ੍ਰਭਾਤੀ ॥

ਸੁੰਨ ਸੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ ॥
ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥
ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥
ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥
ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ ॥
ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥
ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥
ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥

## ਧੰਨਾ ॥

ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ ਰਹਾਉ ॥
ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥
ਪਨ੍ਹ੍ਹੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀਕਾ ॥੧॥
ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥
ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥

## ਰਾਗੁ ਸੋਰਠਿ ॥

ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥
ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥੧॥
ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥
ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥
ਅਧ ਸੇਰੁ ਮਾਂਗਉ ਦਾਲੇ ॥ ਮੋ ਕਉ ਦੋਨਉ ਵਖਤ ਜਿਵਾਲੇ ॥੨॥
ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥
ਊਪਰ ਕਉ ਮਾਂਗਉ ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀਂਧਾ ॥੩॥
ਮੈ ਨਾਹੀ ਕੀਤਾ ਲਬੋ  ਇਕੁ ਨਾਉ ਤੇਰਾ ਮੈ ਫਬੋ ॥
ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥

## ਦੋਹਰਾ ॥ (ਦਸਮ ੭੯)

ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ ॥ ਦਾਨਵ ਮਾਰ ਅਭੇਖ ਕਰਿ ਕੀਨੇ ਸੰਤਨ ਕਾਜ ॥ ੧ ॥

## ਸਵੈਯਾ ॥

ਯਾ ਤੇ ਪ੍ਰਸੰਨਿ ਭਏ ਹੈ ਮਹਾ ਮੁਨਿ ਦੇਵਨ ਕੇ ਤਪ ਮੈ ਸੁਖ ਪਾਵੈਂ ॥
ਜੱਗਯ ਕਰੈ ਇਕ ਬੇਦ ਕਰੈ ਭਵ ਤਾਪ ਹਰੈ ਮਿਲਿ ਧਿਆਨਹਿ ਲਾਵੈਂ ॥
ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ ॥
ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜੱਛ ਅਪੱਛਰ ਨਿਰਤ ਦਿਖਾਵੈਂ ॥ ੨ ॥
ਸੰਖਨ ਕੀ ਧੁਨਿ ਘੰਟਨਿ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ ॥
ਆਰਤੀ ਕੋਟਿ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥
ਦਾਨਤ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ ਲਾਵੈਂ ॥
ਹੋਤ ਕੁਲਾਹਲ ਦੇਵ ਪਰੀ ਮਿਲਿ ਦੇਵਨ ਕੇਕੁਲਿ ਮੰਗਲ ਗਾਵੈਂ ॥ ੩ ॥

## ਸਵੈਯਾ ॥ (ਦਸਮ ੪੯੫)

ਹੇ ਰਵਿ ਹੇ ਸਸਿ ਹੇ ਕਰੁਣਾ ਨਿਧ ਮੇਰੀ ਅਬੈ ਬਿਨਤੀ ਸੁਨਿ ਲੀਜੈ ॥
ਅਉਰ ਨ ਮਾਂਗਤ ਹੋਉ ਤੁਮ ਤੇ ਕਛੁ ਚਾਹਤ ਹਉ ਚਿਤੁ ਮੈ ਸੋਈ ਕੀਜੈ ॥
ਸਸਤ੍ਰਨ ਸਿਉ ਅਤਿ ਹੀ ਰਣ ਭੀਤਰ ਜੂਝ ਮਰੋਂ ਤਊ ਸਾਚ ਪਤੀਜੈ ॥
ਸੰਤ ਸਹਾਇ ਸਦਾ ਜਗ ਮਾਇ ਕ੍ਰਿਪਾ ਕਰ ਸਯਾਮ ਇਹੈ ਬਰੁ ਦੀਜੈ ॥ ੧ ॥

## ਸਵੈਯਾ ॥ (ਦਸਮ ੨੫੪)

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀਂ ਆਨਯੋ ॥
ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥
ਸਿੰਮ੍ਰਿਤਿ ਸਾਸਤ੍ਰ ਬੇਦ ਸਬੈ ਬਹੁ ਭੇਦ ਕਹੈਂ ਹਮ ਏਕ ਨ ਜਾਨਯੋ ॥
ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥੧॥

## ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥
ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥ ੨ ॥

## ਸਲੋਕੁ ॥

ਫਿਰਤ ਫਿਰਤ ਪ੍ਰਭ ਆਇਆ ਪਰਿਆ ਤਉ ਸਰਨਾਇ ॥
ਨਾਨਕ ਕੀ ਪ੍ਰਭ ਬੇਨਤੀ ਅਪਨੀ ਭਗਤੀ ਲਾਇ ॥੧॥

## (ਸਿਰੀਰਾਗੁ ਮਹਲਾ ੫ ॥ ੪੩)

ਚਾਰੇ ਕੁੰਡਾ ਭਾਲਿ ਕੈ ਆਇ ਪਇਆ ਸਰਣਾਇ ॥
ਨਾਨਕ ਸਚੈ ਪਾਤਿਸਾਹਿ ਡੁਬਦਾ ਲਇਆ ਕਢਾਇ ॥੪॥੩॥੭੩॥

ਦੋਹਰਾ ॥ (ਦਸਮ ੫੩)
ਤਿਨ ਬੇਦੀਯਨ ਕੀ ਕੁਲ ਬਿਖੈ ਪ੍ਰਗਟੇ ਨਾਨਕ ਰਾਇ ॥
ਸਭ ਸਿੱਖਨ ਕੋ ਸੁਖ ਦਏ ਜੱਹ ਤੱਹ ਭਏ ਸਹਾਇ ॥ ੧ ॥

ਦੋਹਰਾ ॥
ਆਗਿਆ ਭਈ ਅਕਾਲ ਕੀ ਤਬੀ ਚਲਾਯੋ ਪੰਥ ॥ ਸਭ ਸਿੱਖਨਿ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ॥
ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ ॥ ਜਾ ਕਾ ਹਿਰਦਾ ਸੁਧੁ ਹੈ ਖੋਜ ਸ਼ਬਦ ਮੈਂ ਲੇਹ ॥
ਵਾਹਿਗੁਰੂ ਨਾਮ ਜਹਾਜ਼ ਹੈ ਚੜ੍ਹੇ ਸੁ ਉਤਰੈ ਪਾਰ ॥ ਜੋ ਸਰਧਾ ਕਰ ਸੇਂਵਦੇ ਗੁਰ ਪਾਰਿ ਉਤਾਰਨ ਹਾਰ ॥

(ਫੁਨਹੇ ਮਹਲਾ ੫ ॥ ੧੩੬੨)
ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ ॥ ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ ॥
ਵਸਦੀ ਸਘਨ ਅਪਾਰ ਅਨੂਪ ਰਾਮਦਾਸ ਪੁਰ ॥ ਹਰਿਹਾਂ ਨਾਨਕ ਕਸਮਲ ਜਾਹਿ ਨਾਇਐ ਰਾਮਦਾਸ ਸਰ ॥੧੦॥

(ਫੁਨਹੇ ਮਹਲਾ ੫ ॥ ੧੩੬੨)
ਨੈਣ ਨ ਦੇਖਹਿ ਸਾਧ ਸਿ ਨੈਣ ਬਿਹਾਲਿਆ ॥ ਕਰਨ ਨ ਸੁਨਹੀ ਨਾਦੁ ਕਰਨ ਮੁੰਦਿ ਘਾਲਿਆ ॥
ਰਸਨਾ ਜਪੈ ਨ ਨਾਮੁ ਤਿਲੁ ਤਿਲੁ ਕਰਿ ਕਟੀਐ ॥ ਹਰਿਹਾਂ ਜਬ ਬਿਸਰੈ ਗੋਬਿਦ ਰਾਇ ਦਿਨੋ ਦਿਨੁ ਘਟੀਐ ॥੧੪॥

ਸਲੋਕ ਮਃ ੫ ॥
ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ ॥
ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ

ਪਉੜੀ ॥
ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥
ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥
ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥੨੦॥

ਪਉੜੀ
ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ ॥
ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ ॥
ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ ॥
ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ ॥੨੫॥

ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥
ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ ॥
ਦੁਕਾਲੰ ਪ੍ਰਣਾਸੀ ਦਿਆਲੰ ਸਰੂਪੇ ॥
ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥੧੯੯॥

## ਵਾਹਿਗੁਰੂ ਜੀ ਕਾ ਖਾਲਸਾ ।
## ਵਾਹਿਗੁਰੂ ਜੀ ਕੀ ਫਤਿਹ ॥